# ਅੱਖੀਂ ਡਿੱਠਾ ਮੇਲਾ

**ਪੰਜਾਬ ਦੇ ਮੇਲੇ –** ਪੰਜਾਬ ਵਿੱਚ ਵੱਖ-ਵੱਖ ਰੁੱਤਾਂ, ਤਿਉਹਾਰਾਂ ਅਤੇ ਇਤਿਹਾਸਕ ਤੇ ਧਾਰਮਿਕ ਉਤਸਵਾਂ ਨਾਲ਼ ਸੰਬੰਧਿਤ ਬਹੁਤ ਸਾਰੇ ਮੇਲੇ ਲੱਗਦੇ ਹਨ ਅਤੇ ਇਹ ਪੰਜਾਬੀ ਸੱਭਿਆਚਾਰ ਵਿੱਚ ਬੜੀ ਖ਼ੁਸ਼ੀ ਤੇ ਰੰਗੀਨੀ ਪੈਦਾ ਕਰਦੇ ਹਨ। ਇਹ ਇੰਨੇ ਹਰਮਨ-ਪਿਆਰੇ ਹਨ ਕਿ ਇਨ੍ਹਾਂ ਨੂੰ ਵੇਖਣ ਦਾ ਚਾਅ ਲੋਕ-ਗੀਤਾਂ ਵਿੱਚ ਵੀ ਅੰਕਿਤ ਹੈ; ਜਿਵੇਂ



**ਮੇਰਾ ਕੱਲੀ ਦਾ ਜੀ ਨਹੀਂ ਲੱਗਦਾ, ਵੇ ਲੈ ਚੱਲ ਮੇਲੇ ਨੂੰ।**
**ਚਲ ਚਲੀਏ ਜਰਗ ਦੇ ਮੇਲੇ, ਮੁੰਡਾ ਤੇਰਾ ਮੈਂ ਚੁੱਕ ਲਊਂ।**

**ਹਾੜੀ ਪੱਕਣ ਦੀ ਖ਼ੁਸ਼ੀ –** ਵਿਸਾਖੀ ਦਾ ਮੇਲਾ ਹਰ ਸਾਲ 13 ਅਪ੍ਰੈਲ ਨੂੰ ਭਾਰਤ ਵਿੱਚ ਥਾਂ-ਥਾਂ 'ਤੇ ਲੱਗਦਾ ਹੈ। ਇਹ ਤਿਉਹਾਰ ਹਾੜੀ ਦੀ ਫ਼ਸਲ ਪੱਕਣ ਦੀ ਖ਼ੁਸ਼ੀ ਵਿੱਚ ਮਨਾਇਆ ਜਾਂਦਾ ਹੈ ।

**ਮੇਲਾ ਦੇਖਣ ਜਾਣਾ –** ਸਾਡੇ ਪਿੰਡ ਤੋਂ ਦੋ ਕੁ ਮੀਲ ਦੀ ਵਿੱਥ 'ਤੇ ਵਿਸਾਖੀ ਦਾ ਮੇਲਾ ਲੱਗਦਾ ਹੈ। ਐਤਕੀਂ ਮੈਂ ਆਪਣੇ ਪਿਤਾ ਜੀ ਨਾਲ਼ ਮੇਲਾ ਵੇਖਣ ਲਈ ਗਿਆ। ਰਸਤੇ ਵਿੱਚ ਮੈਂ ਦੇਖਿਆ ਕਿ ਬਹੁਤ ਸਾਰੇ ਬੱਚੇ, ਬੁੱਢੇ ਤੇ ਨੌਜਵਾਨ ਮੇਲਾ ਦੇਖਣ ਲਈ ਜਾ ਰਹੇ ਸਨ। ਸਾਰਿਆਂ ਨੇ ਨਵੇਂ ਕੱਪੜੇ ਪਾਏ ਹੋਏ ਸਨ। ਰਸਤੇ ਵਿੱਚ ਅਸੀਂ ਕੁੱਝ ਕਿਸਾਨਾਂ ਨੂੰ ਕਣਕ ਦੀ ਵਾਢੀ ਦਾ ਸ਼ਗਨ ਕਰਦਿਆਂ ਵੀ ਦੇਖਿਆ।

**ਇਤਿਹਾਸਕ ਪਿਛੋਕੜ –** ਮੇਰੇ ਪਿਤਾ ਜੀ ਨੇ ਮੈਨੂੰ ਦੱਸਿਆ ਕਿ ਵਿਸਾਖੀ ਸਾਡੇ ਦੇਸ ਦਾ ਇੱਕ ਪੁਰਾਣਾ ਤਿਉਹਾਰ ਹੈ। ਆਮ ਕਰਕੇ ਇਸ ਨੂੰ ਹਾੜ੍ਹੀ ਦੀ ਫ਼ਸਲ ਦੇ ਪੱਕਣ ਦੀ ਖ਼ੁਸ਼ੀ ਵਿੱਚ ਮਨਾਇਆ ਜਾਂਦਾ ਹੈ। ਇਸ ਮਹਾਨ ਦਿਨ 'ਤੇ ਗੁਰੂ ਗੋਬਿੰਦ ਸਿੰਘ ਜੀ ਨੇ ਆਨੰਦਪੁਰ ਸਾਹਿਬ ਵਿੱਚ ਖ਼ਾਲਸਾ ਪੰਥ ਦੀ ਸਾਜਨਾ ਕੀਤੀ ਸੀ। ਇਸੇ ਦਿਨ ਹੀ ਜ਼ਾਲਮ ਅੰਗਰੇਜ਼ ਜਨਰਲ ਡਾਇਰ ਨੇ ਜਲ੍ਹਿਆਂ ਵਾਲ਼ਾ ਬਾਗ਼ ਅੰਮ੍ਰਿਤਸਰ ਵਿੱਚ ਨਿਹੱਥੇ ਲੋਕਾਂ ਉੱਪਰ ਗੋਲੀ ਚਲਾਈ ਸੀ, ਜਿਸ ਵਿੱਚ ਬਹੁਤ ਸਾਰੇ ਲੋਕ ਮਾਰੇ ਗਏ ਸਨ।

**ਮੇਲੇ ਦਾ ਦ੍ਰਿਸ਼ –** ਇਹ ਗੱਲਾਂ ਕਰਦਿਆਂ ਹੀ ਅਸੀਂ ਮੇਲੇ ਵਿੱਚ ਪਹੁੰਚ ਗਏ। ਮੇਲੇ ਵਿੱਚ ਵਾਜੇ ਵੱਜਣ, ਢੋਲ ਖੜਕਣ, ਪੰਘੂੜਿਆਂ ਦੇ ਚੀਕਣ ਤੇ ਕੁੱਝ ਲਾਊਡ-ਸਪੀਕਰਾਂ ਦੀ ਅਵਾਜ਼ ਸੁਣਾਈ ਦੇ ਰਹੀ ਸੀ। ਮੇਲੇ ਵਿੱਚ ਕਾਫ਼ੀ ਭੀੜ-ਭੜੱਕਾ ਅਤੇ ਰੌਲ਼ਾ-ਰੱਪਾ ਸੀ। ਆਲ਼ੇ-ਦੁਆਲ਼ੇ ਮਠਿਆਈਆਂ, ਖਿਡੌਣਿਆਂ ਤੇ ਹੋਰ ਕਈ ਪ੍ਰਕਾਰ ਦੀਆਂ ਚੀਜ਼ਾਂ ਦੀਆਂ ਦੁਕਾਨਾਂ ਸਜੀਆਂ ਹੋਈਆਂ ਸਨ। ਅਸੀਂ ਮਠਿਆਈ ਦੀ ਇੱਕ ਦੁਕਾਨ ਉੱਤੇ ਬੈਠ ਕੇ ਤੱਤੀਆਂ-ਤੱਤੀਆਂ ਜਲੇਬੀਆਂ ਖਾਧੀਆਂ। ਮੇਲੇ ਦਾ ਪ੍ਰਬੰਧ ਪੁਲਿਸ ਕਰ ਰਹੀ ਸੀ ।

**ਕੁੱਝ ਹੋਰ ਨਜ਼ਾਰੇ –** ਮੇਲੇ ਵਿੱਚ ਬੱਚੇ ਤੇ ਕੁੜੀਆਂ ਪੰਘੂੜੇ ਝੂਟ ਰਹੇ ਸਨ। ਮੈਂ ਵੀ ਪੰਘੂੜੇ ਵਿੱਚ ਝੂਟੇ ਲਏ ਤੇ ਫਿਰ ਜਾਦੂਗਰ ਦੇ ਤਮਾਸ਼ੇ ਦੇਖੇ ਜਾਦੂਗਰ ਨੇ ਸੌ ਦਾ ਨੋਟ ਸਾੜ ਕੇ ਮੁੜ ਉਸੇ ਨੰਬਰ ਦਾ ਨੋਟ ਬਣਾ ਦਿੱਤਾ। ਫਿਰ ਉਸ ਨੇ ਤਾਸ਼ ਦੇ ਕਈ ਤਮਾਸ਼ੇ ਦਿਖਾਏ। ਜਿਉਂ-ਜਿਉਂ ਦਿਨ ਬੀਤ ਰਿਹਾ ਸੀ, ਮੇਲੇ ਦੀ ਭੀੜ ਵਧਦੀ ਜਾ ਰਹੀ ਸੀ। ਇੱਕ ਪਾਸੇ ਅਸੀਂ ਫੁੱਟਬਾਲ ਦਾ ਮੈਚ ਵੀ ਦੇਖਿਆ।

**ਸ਼ਰਾਬੀਆਂ ਦੀ ਲੜਾਈ ਤੇ ਵਾਪਸੀ –** ਸੂਰਜ ਛਿਪਣ ਸਮੇਂ ਇੱਕ ਪਾਸੇ ਦੋ ਸ਼ਰਾਬੀ ਪਾਰਟੀਆਂ ਵਿਚਕਾਰ ਲੜਾਈ ਸ਼ੁਰੂ ਹੋ ਗਈ। ਨੇੜੇ ਦੀ ਦੁਕਾਨ ਤੋਂ ਅਸੀਂ ਕਾਹਲ਼ੀ-ਕਾਹਲ਼ੀ ਘਰਦਿਆਂ ਲਈ ਮਠਿਆਈ ਖ਼ਰੀਦੀ ਅਤੇ ਪਿੰਡ ਦਾ ਰਸਤਾ ਫੜ ਲਿਆ। ਕਾਫ਼ੀ ਹਨੇਰੇ ਹੋਏ ਅਸੀਂ ਘਰ ਪਹੁੰਚੇ।